# ਰਿਪੋਰਟ

ਮਿਤੀ 30.12.2016 ਨੂੰ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਕੋਟਲਾ ਖਾਸ ਨੇ ਸਾਹਿਬੇ ਕਮਾਲ ਧੰਨ-ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਅਤੇ ਪਿਆਰ ਨਾਲ ਮਨਾਇਆ। ਇਸ ਵਿਸ਼ੇਸ਼ ਮੌਕੇ ਤੇ ਸਕੂਲ ਚੇਅਰਮੈਨ; ਸੰਚਾਲਕ ਕੁਲਦੀਪ ਸਿੰਘ ਭੋਗਲ, ਸਕੂਲ ਮੈਨੇਜਰ ਸ: ਗੁਰਮੀਤ ਸਿੰਘ ਖਾਖੀ, ਸਕੂਲ ਦੀ ਕਮੇਟੀ ਦੇ ਮੈਂਬਰ ਸਾਹਿਬਾਨ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ। ਜਿਨ੍ਹਾਂ ਦਾ ਸਕੂਲ ਪ੍ਰਿੰਸੀਪਲ ਸ: ਭੁਪਿੰਦਰ ਜੀਤ ਸਿੰਘ (ਗੁਲਸ਼ਨ) ਵਲੋਂ ਸਿਰੋਪਾਓ ਅਤੇ ਗੁਰੂ ਜੀ ਦੇ 350 ਸਾਲਾ ਪ੍ਰਕਾਸ਼ ਪੁਰਬ ਦਾ ਯਾਦਗਾਰੀ ਚਿੰਨ੍ਹ ਭੇਟਾ ਕਰਕੇ ਨਿੱਘਾ ਸੁਆਗਤ ਕੀਤਾ ਗਿਆ।

ਸਕੂਲ ਪ੍ਰਿੰਸੀਪਲ ਸਾਹਿਬ ਦੀ ਅਗਵਾਈ ਵਿਚ ਬੱਚਿਆਂ ਵਲੋਂ ਇਲਾਹੀ ਬਾਣੀ ਦਾ ਸ਼ਬਦ ਗਾਇਨ, ਕਰਕੇ ਕਵਿਤਾਵਾਂ ਅਤੇ ਸਾਖੀਆਂ ਸੁਣਾ ਕੇ ਬੱਚਿਆਂ ਨੇ ਆਪਣੀ ਸ਼ਰਧਾ ਦੇ ਫੁੱਲ ਭੇਟਾ ਕੀਤੇ।

ਵਿਦਿਆਰਥੀਆਂ ਵਲੋਂ ਤਿਆਰ ਇਸ ਪ੍ਰੋਗਰਾਮ ਦੀ ਸਰਾਹਨਾ ਕਰਦਿਆਂ ਸਕੂਲ ਚੇਅਰਮੈਨ ਸਾਹਿਬ ਨੇ ਸਮੂਹ ਸਕੂਲ ਸਟਾਫ ਨੂੰ ਸਾਰਿਆਂ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਗੁਰੂ ਜੀ ਦੀਆਂ ਸਿੱਖਿਆਵਾਂ ਤੇ ਚੱਲਣ ਤੇ ਗੁਰੂ ਜੀ ਦੇ ਜਨਮ ਸਥਾਨ ਦੇ ਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ। ਉਹਨਾਂ ਇਹ ਵੀ ਕਿਹਾ ਕਿ ਵਰਤਮਾਨ ਸਮੇਂ ਵਿਚ ਦਿੱਲੀ ਸਿੱਖ ਗੁਰਦੁਆਰਾ ਮੈਨੇਜਿੰਗ ਕਮੇਟੀ ਵਲੋਂ, ਵਿਸ਼ਾਲ ਪੱਧਰ ਤੇ ਕੀਤੇ ਜਾ ਰਹੇ ਸਿੱਖੀ ਦੇ ਪ੍ਰਚਾਰ ਨੇ ਭਾਰਤ ਦੇ ਲੋਕਾਂ ਨੂੰ ਪਹਿਲਾਂ ਬਾਬਾ ਬੰਦਾ ਸਿੰਘ ਬਹਾਦਰ, ਫਿਰ ਛੋਟੇ ਸਾਹਿਬਜ਼ਾਦੇ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਬਾਰੇ ਭਰਪੂਰ ਜਾਣਕਾਰੀ ਦਿੱਤੀ ਹੈ। ਵੱਡੀ ਗਿਣਤੀ ਵਿਚ ਅੱਜ ਭਾਰਤ ਦੇ ਲੋਕ ਸਿੱਖ ਧਰਮ ਬਾਰੇ ਜਾਣ ਰਹੇ ਹਨ। ਉਹਨਾਂ ਨੇ ਬੱਚਿਆਂ ਨੂੰ ਅੰਮ੍ਰਿਤ ਛੱਕ ਕੇ ਗੁਰੂ ਦੇ ਪਿਆਰੇ ਬਣਨ ਦਾ ਸੰਦੇਸ਼ ਵੀ ਦਿੱਤਾ।

ਸਕੂਲ ਮੈਨੇਜਰ ਸਾਹਿਬ ਨੇ ਆਪਣੇ ਵਿਚਾਰ ਬੱਚਿਆਂ ਨਾਲ ਸਾਂਝੇ ਕਰਦਿਆਂ ਜਾਣਕਾਰੀ ਦਿੱਤੀ ਕਿ ਨਾ ਕੇਵਲ ਭਾਰਤ ਸਗੋਂ ਦੇਸ਼ਾਂ ਵਿਦੇਸ਼ਾਂ ਵਿਚ ਵੀ ਸਿੱਖ ਧਰਮ ਇਕ ਵਿਸ਼ਾਲ ਪੱਧਰ ਤੇ ਫੈਲ ਗਿਆ ਹੈ। ਸਾਨੂੰ ਵੱਧ ਤੋਂ ਵੱਧ ਇਸਦੇ ਬਾਰੇ ਜਾਣਕਾਰੀ ਇਕੱਠੀ ਕਰਨੀ ਹੈ।

ਗੁਰੂ ਜੀ ਦੀ 350 ਸਾਲਾ ਪ੍ਰਕਾਸ਼ ਪੁਰਬ ਸੰਬੰਧੀ ਸਕੂਲ ਵਿਚ ਗੁਰੂ ਜੀ ਦੇ ਜੀਵਨ ਬਾਰੇ ਪੇਂਟਿੰਗ, ਸਾਖੀ, ਲੇਖ, ਕਵਿਤਾਵਾਂ ਤੇ ਭਾਸ਼ਣ ਆਦਿ ਦੇ ਮੁਕਾਬਲੇ ਕਰਵਾਏ ਗਏ ਸਨ। ਪਹਿਲੇ ਅਤੇ ਦੂਜੇ ਸਥਾਨ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

ਪ੍ਰੋਗਰਾਮ ਦੇ ਅੰਤ ਵਿਚ ਸਕੂਲ ਪ੍ਰਿੰਸੀਪਲ ਸਾਹਿਬ ਨੇ ਸਭ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਜਿਨ੍ਹਾਂ ਨੇ ਆਪਣਾ ਕੀਮਤੀ ਸਮਾਂ ਕੱਢ ਕੇ ਇਸ ਪ੍ਰੋਗਰਾਮ ਨੂੰ ਸਫਲ ਬਣਾਇਆ।